# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 03-02-2025**

ਉਪ ਰਾਸ਼ਟਰੀ ਜਗਦੀਪ ਧਨਖੜ ਨੇ ਨੌਜਵਾਨਾਂ ਨੂੰ ਦੇਸ਼ ਵਿਰੋਧੀ ਗਤੀਵਿਧੀਆਂ ਨੂੰ ਨਾਕਾਮ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਲੱਖਾਂ ਗੈਰ-ਕਾਨੂੰਨੀ ਪ੍ਰਵਾਸੀ ਦੇਸ਼ ਵਿੱਚ ਨਹੀਂ ਰਹਿ ਸਕਦੇ ਅਤੇ ਚੋਣ ਰਾਜਨੀਤੀ ਨੂੰ ਪ੍ਰਭਾਵਿਤ ਨਹੀਂ ਹੋਣ ਦਿੱਤਾ ਜਾ ਸਕਦਾ । ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ, ਜੋ ਕਿ ਰਾਜ ਸਭਾ ਦੇ ਸਭਾਪਤੀ ਵੀ ਨੇ ਸੰਸਦ ਵਿੱਚ ਲਗਾਤਾਰ ਹੋਣ ਵਾਲੀਆਂ ਰੁਕਾਵਟਾਂ 'ਤੇ ਚਿੰਤਾ ਜ਼ਾਹਰ ਕੀਤੀ । ਕੱਲ੍ਹ ਰਾਸ਼ਟਰੀ ਰਾਜਧਾਨੀ ਵਿੱਚ ਚਾਰਟਰਡ ਅਕਾਊਂਟੈਂਟਸ ਬਾਰੇ ਭਾਰਤੀ ਸੰਸਥਾਨ ਵੱਲੋਂ ਕਰਾਈ ਗਈ ਵਰਲਡ ਫੋਰਮ ਆਫ ਅਕਾਊਂਟੈਂਟਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਹੋਂਦ ਦੀਆਂ ਚੁਣੌਤੀਆਂ ਬਾਰੇ ਚਿੰਤਤ ਹੋਣਾ ਚਾਹੀਦਾ ਏ । ਉਨ੍ਹਾਂ ਕਿਹਾ ਕਿ ਕੁਝ ਲੋਕ ਅਤੇ ਸੰਸਥਾਵਾਂ ਦੇਸ਼ ਦੀ

ਵਿਕਾਸ ਯਾਤਰਾ ਤੋਂ ਖੁਸ਼ ਨਹੀਂ ਹਨ। ਉਪ ਰਾਸ਼ਟਰਪਤੀ ਨੇ ਆਰਥਿਕ ਰਾਸ਼ਟਰਵਾਦ ਦੀ ਭਾਵਨਾ ਨੂੰ ਅਪਣਾਉਣ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ ਕਿਉਂਕਿ ਅਜਿਹੀ ਪਹੁੰਚ ਭਾਰਤੀ ਅਰਥਵਿਵਸਥਾ ਲਈ ਲਾਭਕਾਰੀ ਹੋਵੇਗੀ।

---------------------------------------------------------------

ਪੰਜਾਬ ਸਰਕਾਰ ਨੇ ਪੋਸਟ ਮੈਟ੍ਰਿਕ ਵਜ਼ੀਫਾ ਸਕੀਮ ਤਹਿਤ ਪੱਟੀਦਰਜ ਜਾਤਾਂ ਦੇ ਵਿਦਿਆਰਥੀਆਂ ਲਈ 55 ਕਰੋੜ 45 ਲੱਖ ਰੁਪਏ ਜਾਰੀ ਕੀਤੇ ਨੇ। ਇਸ ਉਪਰਾਲੇ ਨਾਲ 86 ਹਜ਼ਾਰ 583 ਵਿਦਿਆਰਥੀਆਂ ਨੂੰ ਲਾਭ ਹੋਵੇਗਾ। ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮਾਮਲਿਆਂ ਬਾਰੇ ਮੰਤਰੀ ਡਾ: ਬਲਜੀਤ ਕੌਰ ਨੇ ਦੱਸਿਆ ਕਿ ਵਿੱਤੀ ਸਹਾਇਤਾ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਸਿੱਧੀ ਟਰਾਂਸਫਰ ਕੀਤੀ ਗਈ ਏ । ਬਾਕੀ ਰਹਿੰਦੇ ਯੋਗ ਵਿਦਿਆਰਥੀਆਂ ਨੂੰ ਜਲਦੀ ਹੀ ਵਜ਼ੀਫ਼ਾ ਮਿਲ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਕੀਮ ਦਾ ਉਦੇਸ਼ ਆਰਥਿਕ ਤੌਰ 'ਤੇ ਵਾਂਝੇ ਪਰਿਵਾਰਾਂ ਦੇ ਵਿਦਿਆਰਥੀਆਂ ਨੂੰ ਪੜ੍ਹਾਈ ਪੂਰੀ ਕਰਨ ਵਿੱਚ ਸਹਾਇਤਾ ਪ੍ਰਦਾਨ ਕਰਨਾ ਏ।

---------------------------------------------------------------

ਪੰਜਾਬ ਦੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹੈ ਕਿ ਸੂਬਾ ਵਾਸੀਆਂ ਨੂੰ ਪਾਰਦਰਸ਼ੀ, ਨਿਰਵਿਘਨ, ਭ੍ਰਿਸ਼ਟਾਚਾਰ ਮੁਕਤ ਤੇ ਸੁਖਾਲੀਆਂ ਸੇਵਾਵਾਂ ਦੇਣ ਦੀ ਵਚਨਬੱਧਤਾ ’ਤੇ ਚੱਲਦਿਆਂ ਰੀਅਲ ਅਸਟੇਟ ਨਾਲ ਸਬੰਧੀ ਕਲੀਅਰੈਂਸ ਸਰਟੀਫਿਕੇਟ ਦੇਣ ਲਈ ਜਲਦ ਹੀ ਤੀਜਾ ਵਿਸ਼ੇਸ਼ ਕੈਂਪ ਲਾਇਆ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਪੂੰਜੀਕਾਰੀ ਦੇ ਮੌਕੇ ਵਧਾਉਣ ਲਈ ਯਤਨਸ਼ੀਲ ਏ ਜਿਸ ਤਹਿਤ ਪ੍ਰੋਮੋਟਰਾਂ/ਡਿਵੈਲਪਰਾਂ ਦੇ ਕੰਮਾਂ ਦਾ ਪਹਿਲ ਦੇ ਆਧਾਰ ’ਤੇ ਨਿਪਟਾਰਾ ਕਰਨ ਲਈ ਕੈਂਪ ਲਗਾ ਕੇ ਮੌਕੇ ’ਤੇ ਕਲੀਅਰੈਂਸ ਸਰਟੀਫਿਕੇਟ ਦੇਣ ਦੀ ਸ਼ੁਰੂਆਤ ਕੀਤੀ ਏ। ਹੁਣ ਤੱਕ ਲਾਏ ਗਏ ਦੋ ਕੈਂਪਾਂ ਵਿੱਚ 178 ਪ੍ਰਮੋਟਰਾਂ/ਬਿਲਡਰਾਂ ਨੂੰ ਕਲੀਅਰੈਂਸ ਸਰਟੀਫਿਕੇਟ ਸੌਂਪੇ ਗਏ ਨੇ। ਹੁਣ ਤੀਜਾ ਕੈਂਪ ਲਾ ਕੇ ਹੋਰ ਸਰਟੀਫਿਕੇਟ ਦਿੱਤੇ ਜਾਣਗੇ ਜਿਸ ਲਈ ਵਿਭਾਗ ਵੱਲੋਂ ਜ਼ਮੀਨੀ ਪੱਧਰ ਉਤੇ ਕੰਮ ਕੀਤਾ ਜਾ ਰਿਹਾ ਏ। ਸ੍ਰੀ ਮੁੰਡੀਆ ਨੇ ਕਿਹਾ ਕਿ ਕੈਂਪ ਵਿੱਚ ਵੱਖ-ਵੱਖ ਵਿਕਾਸ ਅਥਾਰਟੀਆਂ ਨਾਲ

ਸਬੰਧਤ ਕਾਲੋਨੀਆਂ ਦੇ ਲਾਇਸੈਂਸ, ਮੁਕੰਮਲ ਹੋਣ ਬਾਰੇ ਸਰਟੀਫਿਕੇਟ, ਅੰਸ਼ਕ ਤੌਰ ’ਤੇ ਮੁਕੰਮਲ ਹੋਣ ਬਾਰੇ ਸਰਟੀਫਿਕੇਟ, ਇਰਾਦਾ ਪੱਤਰ, ਜ਼ੋਨਿੰਗ ਪਲਾਨ, ਬਿਲਡਿੰਗ ਪਲਾਨ, ਪ੍ਰਮੋਟਰ ਰਜਿਸਟ੍ਰੇਸ਼ਨ ਸਰਟੀਫਿਕੇਟ ਅਤੇ ਲੇ-ਆਊਟ ਪਲਾਨ ਆਦਿ ਦੇ ਸਰਟੀਫਿਕੇਟ ਸੌਂਪੇ ਜਾਂਦੇ ਨੇ।

---------------------------------------------------------------

ਬਠਿੰਡਾ ਦੇ ਜ਼ਿਲ੍ਹਾ ਪੁਲਿਸ ਮੁਖੀ ਅਮਨੀਤ ਕੌਂਡਲ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਨਸ਼ਿਆਂ ਖਿਲਾਫ਼ ਵਿੱਢੀ ਮੁਹਿੰਮ ਤਹਿਤ ਮਹੀਨਾਵਾਰ ਆਪਰੇਸ਼ਨ ਸੰਪਰਕ ਮੁਹਿੰਮ ਤਹਿਤ ਬਠਿੰਡਾ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਵਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਨੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਸੇਫ ਪੰਜਾਬ ਐਂਟੀ ਡਰੱਗ ਹੈਲਪਲਾਈਨ ਵਟਸਐਪ ਚੈਟਬੋਟ ਨੰਬਰ 97791-00200 ਜਾਰੀ ਕੀਤਾ ਗਿਆ ਏ ਜਿਸ ’ਤੇ ਜਦੋਂ ਵੀ ਨਸ਼ਿਆਂ ਖਿਲਾਫ਼ ਕੋਈ ਸ਼ਿਕਾਇਤ ਪ੍ਰਾਪਤ ਹੁੰਦੀ ਏ ਤਾਂ ਉਸ ’ਤੇ ਪਹਿਲ ਦੇ ਆਧਾਰ ’ਤੇ ਕਾਰਵਾਈ ਕੀਤੀ ਜਾਂਦੀ ਏ। ਜ਼ਿਲ੍ਹਾ ਪੁਲਿਸ ਮੁਖੀ ਨੇ ਦੱਸਿਆ ਕਿ ਜ਼ਿਲ੍ਹੇ

ਦੇ ਵੱਖ-ਵੱਖ ਪਿੰਡਾਂ, ਸ਼ਹਿਰਾਂ ਅਤੇ ਕਸਬਿਆਂ ਵਿੱਚ ਮੀਟਿੰਗਾਂ ਕਰ ਕੇ ਨੌਜਵਾਨ ਵਰਗ ਅਤੇ ਨਸ਼ੇ ਤੋਂ ਪੀੜਤ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਲਗਾਤਾਰ ਜਾਣੂ ਕਰਵਾਇਆ ਜਾ ਰਿਹਾ ਏ। ਜਨਵਰੀ 2025 ਦੌਰਾਨ ਬਠਿੰਡਾ ਪੁਲਿਸ ਵੱਲੋਂ ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਕੁੱਲ 61 ਮੀਟਿੰਗਾਂ ਕੀਤੀਆਂ ਗਈਆਂ ਅਤੇ ਇਸ ਤੋਂ ਇਲਾਵਾ ਸਾਂਝ ਕੇਂਦਰ ਦੇ ਅਧਿਕਾਰੀਆਂ ਵਲੋਂ ਵੱਖ-ਵੱਖ ਸਕੂਲਾਂ ਤੇ ਉੱਚ ਵਿਦਿਅਕ ਅਦਾਰਿਆਂ ’ਚ ਜਾ ਕੇ 26 ਸੈਮੀਨਾਰ ਲਾ ਕੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਗਿਆ ਏ।

---------------------------------------------------------------

ਮੌਸਮ ਵਿਭਾਗ ਅਨੁਸਾਰ ਅੱਜ ਇੱਕ ਨਵੀਂ ਪੱਛਮੀ ਗੜਬੜੀ ਸਰਗਰਮ ਹੋ ਰਹੀ ਏ ਜਿਸ ਕਾਰਨ ਮੌਸਮ ‘ਚ ਵੱਡਾ ਬਦਲਾਅ ਦੇਖਣ ਨੂੰ ਮਿਲ ਸਕਦਾ ਏ। ਅੰਮ੍ਰਿਤਸਰ, ਤਰਨਤਾਰਨ, ਕਪੂਰਥਲਾ, ਜਲੰਧਰ, ਲੁਧਿਆਣਾ, ਸੰਗਰੂਰ, ਪਟਿਆਲਾ ਅਤੇ ਮਾਲੇਰਕੋਟਲਾ ਵਿੱਚ ਸੰਘਣੀ ਧੁੰਦ ਨੂੰ ਲੈ ਕੇ ਯੈਲੋ

ਅਲਰਟ ਜਾਰੀ ਕੀਤਾ ਗਿਆ ਏ। ਮਾਲਵਾ ਖੇਤਰ ਦੇ ਕੁਝ ਇਲਾਕਿਆਂ ਵਿੱਚ ਮੀਂਹ ਪੈਣ ਦੀ ਵੀ ਸੰਭਾਵਨਾ ਏ। ਇਸ ਦੇ ਨਾਲ ਹੀ ਪੰਜਾਬ ਦੇ ਕੁਝ ਇਲਾਕਿਆਂ ਵਿੱਚ 4 ਤੇ 5 ਫਰਵਰੀ ਨੂੰ ਮੀਂਹ ਪੈਣ ਦੀ ਸੰਭਾਵਨਾ ਏ।

---------------------------------------------------

ਸ਼ਤਰੰਜ ਵਿਚ ਭਾਰਤੀ ਗ੍ਰੈਂਡਮਾਸਟਰ ਆਰ. ਪ੍ਰਗਨਾਨੰਦ ਨੇ ਰਾਤ ਨੀਦਰਲੈਂਡ ਦੇ ਵਿਜਕ ਆਨ ਜ਼ੀ ਵਿਖੇ ਰੋਮਾਂਚਕ ਟਾਈ-ਬ੍ਰੇਕਰ ਵਿੱਚ ਮੌਜੂਦਾ ਵਿਸ਼ਵ ਚੈਂਪੀਅਨ ਡੀ ਗੁਕੇਸ਼ ਨੂੰ ਹਰਾ ਕੇ ਵੱਕਾਰੀ ਟਾਟਾ ਸਟੀਲ ਮਾਸਟਰਜ਼ 2025 ਦਾ ਖਿਤਾਬ ਜਿੱਤ ਲਿਆ ਏ । ਇਸ ਜਿੱਤ ਨਾਲ ਆਰ. ਪ੍ਰਗਨਾਨੰਦ ਸਾਲ 2006 ਵਿੱਚ ਵਿਸ਼ਵਨਾਥਨ ਆਨੰਦ ਤੋਂ ਬਾਅਦ ਇਹ ਵੱਕਾਰੀ ਖ਼ਿਤਾਬ ਜਿੱਤਣ ਵਾਲੇ ਪਹਿਲੇ ਭਾਰਤੀ ਬਣ ਗਏ ਨੇ।